# ਪੰਜਾਬ ਸਕੂਲ ਸਿੱਖਿਆ ਬੋਰਡ

## ਸਾਲ/ਸੈਸ਼ਨ 2014-2015 ਲਈ ਗਿਆਰ੍ਹਵੀਂ / ਬਾਰ੍ਹਵੀਂ ਸ਼੍ਰੇਣੀ ਵਿੱਚ ਵਿਦਿਆਰਥੀਆਂ ਦੇ ਦਾਖਲੇ ਸਬੰਧੀ ਯੋਗਤਾਵਾਂ ਅਤੇ ਸ਼ਰਤਾਂ।

**ਗਿਆਰ੍ਹਵੀਂ/ਬਾਰ੍ਹਵੀਂ ਸ਼੍ਰੇਣੀ ਵਿੱਚ ਵਿਦਿਆਰਥੀਆਂ ਦੇ ਦਾਖਲੇ ਲਈ ਹੇਠ ਲਿਖੀਆਂ ਅਗਵਾਈ ਲੀਹਾਂ ਅਨੁਸਾਰ ਲੋੜੀਂਦੀ ਕਾਰਵਾਈ ਕੀਤੀ ਜਾਵੇ:-**

### ਭਾਗ - ੳ

### ਗਿਆਰ੍ਹਵੀਂ ਸ਼੍ਰੇਣੀ ਵਿੱਚ ਦਾਖਲੇ ਲਈ ਯੋਗਤਾਵਾਂ ਅਤੇ ਸ਼ਰਤਾਂ

**ਨੋਟ-:** ਦਾਖਲੇ ਸਬੰਧੀ ਦਸਵੀਂ ਦਾ ਨਤੀਜਾ ਆਉਣ ਦੀ ਉਡੀਕ ਨਾ ਕੀਤੀ ਜਾਵੇ ਅਤੇ ਦਾਖਲਾ ਸ਼ਡਿਊਲ ਅਨੁਸਾਰ ਆਰਜ਼ੀ ਤੌਰ ਤੇ ਦਾਖਲੇ ਕੀਤੇ ਜਾਣ।

**ਹੇਠ ਦਰਸਾਏ ਵਿਦਿਆਰਥੀ ਗਿਆਰ੍ਹਵੀਂ ਸ਼੍ਰੇਣੀ ਵਿੱਚ ਦਾਖਲ ਹੋਣ ਦੇ ਯੋਗ ਹਨ :-**

1. ਜਿਸ ਵਿਦਿਆਰਥੀ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਦਸਵੀਂ ਪਰੀਖਿਆ ਪਾਸ ਕੀਤੀ ਹੋਵੇ ਜਾਂ ਕਿਸੇ ਦੂਸਰੇ ਬੋਰਡ ਤੋਂ ਇਸ ਦੇ ਬਰਾਬਰ ਦੀ ਪਰੀਖਿਆ ਪਾਸ ਕੀਤੀ ਹੋਵੇ, ਜਿਸ ਦੀ ਸਮਾਨਤਾ ਬੋਰਡ ਪ੍ਰਵਾਨ ਕਰਦਾ ਹੋਵੇ।
2. ਜਿਨ੍ਹਾਂ ਵਿਦਿਆਰਥੀਆਂ ਦੀ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਲਈ ਗਈ ਦਸਵੀਂ ਦੀ ਪਰੀਖਿਆ ਵਿੱਚ ਕੰਪਾਰਟਮੈਂਟ/ਰੀ ਅਪੀਅਰ ਆਈ ਹੋਵੇ।
3. ਗਿਆਰ੍ਹਵੀਂ/ਬਾਰ੍ਹਵੀਂ ਵਿੱਚ ਦਾਖਲ ਕਰਦੇ ਸਮੇਂ ਵਿਦਿਆਰਥੀ ਦੇ ਵੇਰਵੇ ਦਾਖਲਾ ਖਾਰਜ ਰਜਿਸਟਰ ਵਿੱਚ, ਦਸਵੀਂ ਪਾਸ ਦੇ ਸਰਟੀਫਿਕੇਟ ਦੇ ਅਧਾਰ ਤੇ ਦੋਨੋਂ ਭਾਸ਼ਾਵਾਂ (ਪੰਜਾਬੀ,ਅੰਗਰੇਜੀ) ਵਿੱਚ ਦਰਜ ਕੀਤੇ ਜਾਣ।
4. ਕਿਸੇ ਵੀ ਬੋਰਡ/ ਸਮੂਹ ਨੈਸ਼ਨਲ ਓਪਨ ਸਕੂਲ, ਜਿਸ ਦੀ ਦਸਵੀਂ ਪਰੀਖਿਆ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਦਸਵੀਂ ਪਰੀਖਿਆ ਦੇ ਬਰਾਬਰ ਮੰਨੀ ਜਾਂਦੀ ਹੋਵੇ, ਦੇ ਕੰਪਾਰਟਮੈਂਟ/ ਰੀ-ਅਪੀਅਰ ਵਿਦਿਆਰਥੀ ਰਾਜ ਦੇ ਸਰਕਾਰੀ / ਏਡਿਡ / ਐਸੋਸੀਏਟਿਡ/ ਐਫਿਲੀਏਟਿਡ ਸਕੂਲਾਂ ਵਿੱਚ ਗਿਆਰ੍ਹਵੀਂ ਸ਼੍ਰੇਣੀ ਵਿੱਚ ਰੈਗੂਲਰ ਵਿਦਿਆਰਥੀ ਵਜੋਂ ਦਾਖਲੇ ਲਈ ਯੋਗ ਹਨ, ਬਸ਼ਰਤੇ ਕਿ ਉਹ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਵਰਤਮਾਨ ਵਿਨਿਯਮਾਂ ਵਿੱਚ ਦਰਜ ਉਪਬੰਧ ਵਾਂਗ ਮੈਟ੍ਰਿਕ ਪਰੀਖਿਆ ਪਹਿਲੇ ਦੋ ਮੌਕਿਆਂ ਵਿੱਚ ਪਾਸ ਕਰ ਲੈਂਦੇ ਹਨ।

**ਨੋਟ:- (ਲੜੀ ਨੰ:4 ਨਾਲ ਸਬੰਧਤ) ਨਿਰਧਾਰਿਤ ਦੋ ਮੌਕਿਆਂ ਵਿੱਚ ਦਸਵੀਂ ਪਰੀਖਿਆ ਪਾਸ ਨਾ ਕਰਨ ਵਾਲੇ ਕੰਪਾਰਟਮੈਂਟ/ਰੀ-ਅਪੀਅਰ ਵਿਦਿਆਰਥੀ ਜੇਕਰ ਇਹ ਪਰੀਖਿਆ ਗੋਲਡਨ ਚਾਂਸ ਵਿੱਚ ਪਾਸ ਕਰਦੇ ਹਨ, ਤਾਂ ਚਾਲੂ ਸੈਸ਼ਨ ਦੌਰਾਨ ਗਿਆਰ੍ਹਵੀਂ ਸ਼੍ਰੇਣੀ ਵਿੱਚ ਰੈਗੂਲਰ ਦਾਖਲੇ ਦੇ ਯੋਗ ਨਹੀਂ ਹੋਣਗੇ। ਭਾਵ 2014-15 ਵਿੱਚ ਪਾਸ ਕੀਤੀ ਗਿਆਰ੍ਹਵੀਂ ਸ਼੍ਰੇਣੀ ਮੰਨਣ ਯੋਗ ਨਹੀਂ ਹੋਵੇਗੀ।**

### ਭਾਗ-ਅ

### ਬਾਰ੍ਹਵੀਂ ਸ਼੍ਰੇਣੀ ਵਿੱਚ ਦਾਖਲੇ ਲਈ ਯੋਗਤਾਵਾਂ ਅਤੇ ਸ਼ਰਤਾਂ

**ਹੇਠ ਦਰਸਾਏ ਵਿਦਿਆਰਥੀ ਬਾਰ੍ਹਵੀਂ ਸ਼੍ਰੇਣੀ ਵਿੱਚ ਦਾਖਲ ਹੋਣ ਦੇ ਯੋਗ ਹਨ :-**

1. ਜਿਸ ਵਿਦਿਆਰਥੀ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਐਫੀਲੀਏਟਿਡ/ਸਰਕਾਰੀ/ਏਡਿਡ/ਐਸੋਸੀਏਟਿਡ ਸਕੂਲ ਤੋਂ ਗਿਆਰ੍ਹਵੀਂ ਸ਼੍ਰੇਣੀ ਜਾਂ ਇਸ ਦੇ ਬਰਾਬਰ ਦੀ ਪਰੀਖਿਆ ਪਾਸ ਕੀਤੀ ਹੋਵੇ।
2. ਜੋ ਵਿਦਿਆਰਥੀ ਬਾਰ੍ਹਵੀਂ ਸ਼੍ਰੇਣੀ ਵਿੱਚੋਂ ਫੇਲ੍ਹ ਹੋਣ, ਉਹ ਬਾਰ੍ਹਵੀਂ ਸ਼੍ਰੇਣੀ ਵਿੱਚ ਰੈਗੂਲਰ ਤੌਰ ਤੇ ਦਾਖਲਾ ਲੈ ਸਕਦੇ ਹਨ।
3. ਸਕੂਲ ਮੁੱਖੀ ਇਹ ਯਕੀਨੀ ਬਨਾਉਣ ਕਿ ਬਾਰ੍ਹਵੀਂ ਦੀ ਪਰੀਖਿਆ ਲਈ ਦਾਖਲਾ ਫਾਰਮ ਭੇਜਣ ਸਮੇਂ ਹਰ ਵਿਦਿਆਰਥੀ ਨੂੰ ਦਫਤਰ ਵੱਲੋਂ ਰਜਿਸਟਰੇਸ਼ਨ ਨੰਬਰ ਜਾਰੀ ਹੋ ਚੁੱਕਾ ਹੋਵੇ। ਸਮੇਂ ਸਿਰ ਰਜਿ ਨੰ: ਅਲਾਟ ਨਾ ਹੋਣ ਕਾਰਨ ਰੋਲ ਨੰਬਰ ਜਾਰੀ ਨਾ ਹੋਣ ਦੀ ਜਿੰਮੇਵਾਰੀ ਸਕੂਲ ਮੁਖੀ ਦੀ ਹੋਵੇਗੀ।
4. ਬੋਰਡ ਵੱਲੋਂ ਜਾਰੀ ਦਾਖਲਾ ਸ਼ਡਿਊਲ ਦੀਆਂ ਮਿਤੀਆਂ ਖਤਮ ਹੋਣ ਤੋਂ ਬਾਅਦ ਸਕੂਲ ਮੁੱਖੀਆਂ ਵੱਲੋਂ ਆਪਣੇ ਪੱਧਰ ਤੇ ਕਿਸੇ ਵਿਦਿਆਰਥੀ ਨੂੰ ਦਾਖਲਾ ਨਾ ਦਿੱਤਾ ਜਾਵੇ।
5. ਬੋਰਡ ਵੱਲੋਂ ਮਿਲੀ ਪ੍ਰਵਾਨਗੀ ਅਨੁਸਾਰ ਹੀ ਹਰੇਕ ਗਰੁੱਪ ਵਿੱਚ ਵਿਦਿਆਰਥੀ ਦਾਖਲ ਕੀਤੇ ਜਾਣ।
6. ਚਾਲੂ ਸੈਸ਼ਨ ਤੋਂ ਤਿੰਨ ਸਾਲ ਪਹਿਲਾਂ ਜਿਨ੍ਹਾਂ ਪਰ੍ਰੀਖਿਆਰਥੀਆਂ ਨੇ ਗਿਆਰ੍ਹਵੀਂ ਸ਼੍ਰੇਣੀ ਰੈਗੂਲਰ ਤੌਰ ਤੇ ਸਰਕਾਰੀ/ਏਡਿਡ/ਐਫੀਲੀਏਟਿਡ/ਐਸੋਸੀਏਟਿਡ ਸਕੂਲਾਂ ਤੋਂ ਪਾਸ ਕੀਤੀ ਹੋਵੇ, ਉਹ ਪਰੀਖਿਆਰਥੀ ਬਾਰ੍ਹਵੀਂ ਸ਼੍ਰੇਣੀ ਵਿੱਚ ਰੈਗੂਲਰ ਦਾਖਲੇ ਦੇ ਯੋਗ ਹੋਣਗੇ।
7. ਪੁਰਾਣੇ ਸਿਸਟਮ ਅਧੀਨ ਪਾਸ ਕੀਤੀ ਹਾਇਰ ਸੈਕੰਡਰੀ (XI) ਹੁਣ ਦੇ ਸਿਸਟਮ ਦੀ ਗਿਆਰ੍ਹਵੀਂ ਸ਼੍ਰੇਣੀ ਦੇ ਬਰਾਬਰ ਹੈ ਪਰੰਤੂ ਹਾਇਰ ਸੈਕੰਡਰੀ (XI) ਪਾਸ ਵਿਦਿਆਰਥੀਆਂ ਨੂੰ ਮੌਜੂਦਾ ਸਿੱਖਿਆ ਪ੍ਰਣਾਲੀ ਅਧੀਨ ਬਾਰ੍ਹਵੀਂ ਪਾਸ ਕਰਨ ਲਈ ਗਿਆਰ੍ਹਵੀਂ ਅਤੇ ਬਾਰ੍ਹਵੀਂ ਦੋਵੇਂ ਸ਼੍ਰੇਣੀਆਂ ਪਾਸ ਕਰਨੀਆਂ ਲਾਜ਼ਮੀ ਹੋਣਗੀਆਂ ਕਿਉਂਕਿ ਬਾਰ੍ਹਵੀਂ ਸਿਸਟਮ integrated ਕੋਰਸ ਹੈ , ਹਾਇਰ ਸੈਕੰਡਰੀ ਪਾਸ ਕਰਨ ਉਪਰੰਤ ਹੁਣ ਸਿੱਧਾ ਬਾਰ੍ਹਵੀਂ ਵਿੱਚ ਦਾਖਲਾ ਨਹੀਂ ਦਿੱਤਾ ਜਾਵੇਗਾ ।
8. ਯੋਗਤਾ ਸਬੰਧੀ ਜ਼ਿੰਮੇਵਾਰੀ ਨਿਰੋਲ ਸਕੂਲ ਮੁੱਖੀ ਦੀ ਹੈ।ਇਸ ਲਈ ਸਮਾਨਤਾ ਸੂਚੀ ਨੂੰ ਮੁੱਖ ਰੱਖ ਕੇ ਹੀ ਵਿਦਿਆਰਥੀਆਂ ਦੇ ਦਾਖਲੇ ਪ੍ਰਵਾਨ ਕੀਤੇ ਜਾਣ। ਇਸ ਮਕਸਦ ਲਈ ਆਪਣੀ ਸੰਸਥਾ ਵਿੱਚ ਇੱਕ ਦਾਖਲਾ ਪੜਤਾਲ ਕਮੇਟੀ ਬਣਾਈ ਜਾਵੇ, ਜੋ ਪੂਰਵ ਘੋਖ ਕਰਕੇ ਯੋਗਤਾ ਚੈੱਕ ਕਰੇ, ਤਾਂ ਜੋ ਕੋਈ ਅਯੋਗ ਵਿਦਿਆਰਥੀ ਦਾਖਲ ਨਾ ਹੋ ਸਕੇ।

### ਭਾਗ - ੲ

**ਹੋਰ ਰਾਜ/ਬੋਰਡ ਤੋਂ ਮਾਈਗਰੇਟ ਹੋ ਕੇ ਆਏ ਵਿਦਿਆਰਥੀਆਂ ਦੇ ਦਾਖਲੇ ਸਬੰਧੀ ਹੇਠਾਂ ਦਰਸਾਏ ਦਸਤਾਵੇਜ਼ ਪੇਸ਼ ਕਰਨ ਤੇ ਹੀ ਵਿਦਿਆਰਥੀ ਸਬੰਧਤ ਸ਼੍ਰੇਣੀ ਵਿੱਚ ਦਾਖਲ ਹੋ ਸਕਦੇ ਹਨ :-**

1. ੳ) ਜਿਸ ਸ਼੍ਰੇਣੀ ਵਿੱਚ ਦਾਖਲ ਹੋਣਾ ਹੈ, ਉਸ ਤੋਂ ਪਹਿਲੀ ਸ਼੍ਰੇਣੀ ਪਾਸ ਕਰਨ ਦਾ ਸਰਟੀਫਿਕੇਟ / ਨਤੀਜਾ ਕਾਰਡ (ਡੀ.ਐਮ.ਸੀ.) ਦੀ ਫੋਟੋ ਕਾਪੀ ਸਬੰਧਤ ਸਕੂਲ ਮੁੱਖੀ ਤੋਂ ਤਸਦੀਕ ਕਰਵਾਕੇ ਭੇਜੀ ਜਾਵੇ।

ਅ) ਵਿੱਦਿਅਕ ਸੈਸ਼ਨ ਦਰਮਿਆਨ ਜਾਂ ਹੇਠਲੀ ਪਰੀਖਿਆ ਪਾਸ ਕਰਨ ਉਪਰੰਤ ਲੋੜੀਦੀ ਮਾਈਗਰੇਸ਼ਨ ਲਈ ਸਕੂਲ ਛੱਡਣ ਦਾ ਸਰਟੀਫਿਕੇਟ ਸਬੰਧਤ ਬੋਰਡ ਦੇ ਸਮਰੱਥ ਅਧਿਕਾਰੀ ਜਾਂ ਜਿਲ੍ਹਾ ਸਿੱਖਿਆ ਅਫਸਰ ਦੁਆਰਾ ਪ੍ਰਤੀ ਹਸਤਾਖਰ ਕੀਤਾ ਹੋਣਾ ਚਾਹੀਦਾ ਹੈ।

ੲ) ਦਸਵੀਂ ਸ਼੍ਰੇਣੀ ਦੀ ਪਰੀਖਿਆ ਪਾਸ ਹੋਣ ਤੇ ਹੀ ਗਿਆਰਵੀਂ ਸ਼੍ਰੇਣੀ ਦਾ ਰਜਿ ਨੰ: ਅਲਾਟ ਕੀਤਾ ਜਾਵੇਗਾ।

ਸ) ਪੰਜਾਬ ਸਕੂਲ ਸਿੱਖਿਆ ਬੋਰਡ ਦੇ ਬਰਾਬਰ ਦੀ ਯੋਗਤਾ ਦਾ ਸਮਾਨਤਾ ਪੱਤਰ, ਜੋ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਅਕਾਦਮਿਕ ਸ਼ਾਖਾ ਵੱਲੋਂ ਅਸਲ ਸਰਟੀਫਿਕੇਟਾਂ ਦੇ ਆਧਾਰ ਤੇ ਜਾਰੀ ਕੀਤਾ ਜਾਂਦਾ ਹੈ।

**ਸਾਲ/ਸੈਸ਼ਨ 2014-15 ਲਈ ਹੇਠਲੀ ਪਰੀਖਿਆ ਹੋਰ ਦੂਜੇ ਰਾਜ/ਬੋਰਡ ਤੋਂ ਪਾਸ ਕਰਨ ਵਾਲੇ ਵਿਦਿਆਰਥੀਆਂ ਲਈ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਅਕਾਦਮਿਕ ਸ਼ਾਖਾ ਤੋਂ ਸਮਾਨਤਾ ਪੱਤਰ ਪ੍ਰਾਪਤ ਕਰਕੇ ਲੋੜੀਂਦੇ ਦਸਤਾਵੇਜ ਭਾਵ ( ਸਮਾਨਤਾ ਪੱਤਰ,ਅਸਲ ਮਾਈਗਰੇਸ਼ਨ ਸਰਟੀਫਿਕੇਟ/ਸਕੂਲ ਛੱਡਣ ਦਾ ਸਰਟੀਫਕੇਟ ਸਬੰਧਤ ਬੋਰਡ ਤੋਂ ਕਾਊਂਟਰ ਸਾਈਨ ਦੀ ਤਸਦੀਕਸ਼ੁਦਾ ਕਾਪੀ ਅਤੇ ਡੀ.ਐਮ. ਸੀ. ਦੀ ਤਸਦੀਕਸ਼ੁਦਾ ਕਾਪੀ) ਭੇਜੇ ਜਾਣ। (ਸਾਲ/ਸੈਸ਼ਨ 2014-15 ਤੋਂ ਦੂਜੇ ਰਾਜ/ਬੋਰਡ ਤੋਂ ਆਉਣ ਵਾਲੇ ਸਾਰੇ ਵਿਦਿਆਰਥੀਆਂ ਦਾ ਸਮਾਨਤਾ ਪੱਤਰ ਲੈਣਾ ਲਾਜ਼ਮੀ ਹੈ)।**

2. ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਜਾਰੀ ਦਾਖਲਾ ਸ਼ਡਿਊਲ ਦੀਆਂ ਮਿਤੀਆਂ ਖਤਮ ਹੋਣ ਉਪਰੰਤ ਦੂਜੇ ਰਾਜ /ਬੋਰਡ ਤੋਂ ਪੜ੍ਹਦੇ ਆ ਰਹੇ ਵਿਦਿਆਰਥੀ ਨੂੰ ਕਿਸੇ ਵੀ ਸੂਰਤ ਵਿੱਚ ਗਿਆਰਵੀਂ/ਬ੍ਰਾਰਵੀਂ ਸ਼੍ਰੇਣੀ ਦੇ ਦਾਖਲੇ ਸਬੰਧੀ ਨਿਰਧਾਰਿਤ ਇੰਟਰ ਬੋਰਡ ਮਾਈਗਰੇਸ਼ਨ ਫਾਰਮ ਤੇ ਰਜਿਸਟਰੇਸ਼ਨ ਸ਼ਾਖਾ ਵੱਲੋਂ ਪੂਰਵ ਪ੍ਰਵਾਨਗੀ ਲਏ ਬਿਨਾਂ ਦਾਖਲ ਨਾ ਕੀਤਾ ਜਾਵੇ । ਮਾਈਗਰੇਸ਼ਨ ਹੋਣ ਉਪਰੰਤ ਵਿਦਿਆਰਥੀ ਨੂੰ 15 ਦਿਨ ਦੇ ਅੰਦਰ -ਅੰਦਰ ਸਕੂਲ ਵਿੱਚ ਦਾਖਲਾ ਲੈ ਲੈਣਾ ਚਾਹੀਦਾ ਹੈ । ਦਾਖਲਾ ਨਾ ਲੈਣ ਦੀ ਸੂਰਤ ਵਿੱਚ ਪ੍ਰਵਾਨਗੀ ਰੱਦ ਹੋਈ ਸਮਝੀ ਜਾਵੇਗੀ। ਰੱਦ ਹੋਈ ਪ੍ਰਵਾਨਗੀ ਵਾਲੇ ਵਿਦਿਆਰਥੀ ਨੂੰ ਵਿਸ਼ੇਸ਼ ਹਲਾਤਾਂ ਵਿੱਚ ਦੁਬਾਰਾ ਪ੍ਰਵਾਨਗੀ ਮੁੜ ਫੀਸ ਜਮਾਂ ਕਰਵਾਉਣ ਤੇ ਹੀ ਦਿੱਤੀ ਜਾਵੇਗੀ।

## ਭਾਗ - ਸ

1) ੳ) ਸੈਸ਼ਨ ਦੌਰਾਨ ਗਿਆਰ੍ਹਵੀਂ/ਬਾਰ੍ਹਵੀਂ ਸ਼੍ਰੇਣੀ ਵਿੱਚ ਕੋਈ ਵਿਦਿਆਰਥੀ ਸਕੂਲ ਮਾਈਗਰੇਟ ਕਰਨ ਦਾ ਚਾਹਵਾਨ ਹੋਵੇ ਤਾਂ, ਦੋਵੇਂ ਸਕੂਲ ਮੁੱਖੀਆਂ ਦੀ ਸਿਫਾਰਸ਼ਾਂ ਸਹਿਤ ਉਹ ਮਾਈਗਰੇਸ਼ਨ ਸਰਟੀਫਿਕੇਟ ਪ੍ਰਾਪਤ ਕਰੇਗਾ, ਜੇਕਰ ਉਸਦੇ ਸਕੂਲ ਲੀਵਿੰਗ ਸਰਟੀਫਿਕੇਟ ਤੇ ਰਜਿਸਟਰੇਸ਼ਨ ਨੰਬਰ ਦਰਜ ਹੈ, ਤਾਂ ਉਹ ਆਰੰਭਕ ਸਟੇਜ ਤੇ (ਦਾਖਲਾ ਸ਼ਡਿਊਲ ਦੀਆਂ ਮਿਤੀਆਂ ਤੱਕ) ਕਿਸੇ ਵੀ ਸਕੂਲ ਵਿੱਚ ਦਾਖਲੇ ਲਈ ਯੋਗ ਹੈ।

ਅ) ਬੋਰਡ ਵੱਲੋਂ ਜਾਰੀ ਦਾਖਲਾ ਸ਼ਡਿਊਲ ਦੀਆਂ ਮਿਤੀਆਂ ਖਤਮ ਹੋਣ ਉਪਰੰਤ ਕਿਸੇ ਵੀ ਵਿਦਿਆਰਥੀ ਨੂੰ ਬੋਰਡ ਵੱਲੋਂ ਜਾਰੀ ਮਾਈਗਰੇਸ਼ਨ ਸਰਟੀਫਿਕੇਟ ਤੋਂ ਬਿਨਾਂ ਦਾਖਲ ਨਾ ਕੀਤਾ ਜਾਵੇ। ਬੋਰਡ ਵੱਲੋਂ ਮਾਈਗਰੇਸ਼ਨ ਠੋਸ ਕਾਰਨਾਂ ਦੇ ਆਧਾਰ ਤੇ ਹੀ ਕੀਤੀ ਜਾਵੇਗੀ।

2) (ੳ) **ਸਕੂਲ ਤੋਂ ਸਕੂਲ ਮਾਈਗਰੇਸ਼ਨ** :- ਗਿਆਰਵੀਂ ਸ਼੍ਰੇਣੀ ਦੀ ਸਕੂਲ ਤੋਂ ਸਕੂਲ ਮਾਈਗਰੇਸ਼ਨ 31 ਦਸੰਬਰ ਤੱਕ 1000/- ਰੁ: ਫੀਸ ਨਾਲ ਕੀਤੀ ਜਾਵੇਗੀ। ਇਸ ਤੋਂ ਬਾਅਦ 1500/- ਰੁ: ਫੀਸ ਨਾਲ ਵਿਰਲੇ ਕੇਸਾਂ ਵਿੱਚ ਜਿਵੇਂ ਮਾਤਾ/ਪਿਤਾ/ਗਾਰਡੀਅਨ ਦੀ ਬਦਲੀ/ਅਚਾਨਕ ਮੌਤ ਹੋਣ ਦੀ ਸੂਰਤ ਵਿੱਚ ਮਾਈਗਰੇਸ਼ਨ ਮਾਨਯੋਗ ਚੇਅਰਪਰਸਨ/ਚੇਅਰਮੈਨ ਜੀ ਵੱਲੋਂ ਆਗਿਆ ਦੇਣ ਉਪਰੰਤ ਹੀ ਕੀਤੀ ਜਾਵੇਗੀ। ਬਾਰਵੀਂ ਸ਼੍ਰੇਣੀ ਦੀ ਸਕੂਲ ਤੋਂ ਸਕੂਲ ਮਾਈਗਰੇਸ਼ਨ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਦਫਤਰ ਵਿੱਚ ਪ੍ਰੀਖਿਆ ਫਾਰਮ ਪਹੁੰਚਣ ਦੀ ਅੰਤਿਮ ਮਿਤੀ ਤੱਕ 1000/-ਰੁ. ਫੀਸ ਨਾਲ ਕੀਤੀ ਜਾਵੇਗੀ। ਇਸ ਤੋਂ ਬਾਅਦ 1500/-ਰੁ: ਨਾਲ ਵਿਰਲੇ ਕੇਸਾਂ ਵਿੱਚ ਜਿਵੇਂ ਮਾਤਾ/ਪਿਤਾ/ਗਾਰਡੀਅਨ ਦੀ ਬਦਲੀ/ਅਚਾਨਕ ਮੌਤ ਹੋਣ ਦੀ ਸੂਰਤ ਵਿੱਚ ਮਾਈਗਰੇਸ਼ਨ ਮਾਨਯੋਗ ਚੇਅਰਪਰਸਨ/ਚੇਅਰਮੈਨ ਜੀ ਵੱਲੋਂ ਆਗਿਆ ਦੇਣ ਉਪਰੰਤ ਹੀ ਕੀਤੀ ਜਾਵੇਗੀ। । ਇਹ ਮਾਈਗਰੇਸ਼ਨ ਪੰਜਾਬ ਸਕੂਲ ਸਿੱਖਿਆ ਬੋਰਡ ਦੀਆਂ ਸਲਾਨਾ ਪ੍ਰੀਖਿਆਵਾਂ ਸ਼ੁਰੂ ਹੋਣ ਤੋਂ 45 ਦਿਨ ਪਹਿਲਾਂ ਤੱਕ ਕੀਤੀ ਜਾਵੇਗੀ। ਅਜਿਹਾ ਕਰਨ ਲਈ ਵਿਦਿਆਰਥੀ ਸਕੂਲ ਤੋਂ ਸਕੂਲ ਮਾਈਗਰੇਸ਼ਨ ਫਾਰਮ ਦੋਵੇਂ ਸਕੂਲ ਮੁੱਖੀਆਂ ਤੋਂ ਤਸਦੀਕ ਕਰਵਾਉਣਗੇ।

ਦੋਵੇਂ ਸਕੂਲ ਮੁੱਖੀ ਇਸ ਗੱਲ ਦਾ ਖਾਸ ਧਿਆਨ ਰੱਖਣ ਕਿ ਜਦ ਤੱਕ ਵਿਦਿਆਰਥੀ ਨੂੰ ਪੰਜਾਬ ਬੋਰਡ ਵੱਲੋਂ ਮਾਈਗਰੇਸ਼ਨ ਸਰਟੀਫਿਕੇਟ ਜਾਰੀ ਨਹੀਂ ਕੀਤਾ ਜਾਂਦਾ, ਤਦ ਤੱਕ ਟਰਾਂਸਫਰ ਸਰਟੀਫਿਕੇਟ ਨਾ ਜਾਰੀ ਕੀਤਾ ਜਾਵੇ ਅਤੇ ਨਾ ਹੀ ਬਦਲੇ ਹੋਏ ਸਕੂਲ ਵਿੱਚ ਦਾਖਲ ਕੀਤਾ ਜਾਵੇ।

(ਅ) **ਇੰਟਰਬੋਰਡ ਮਾਈਗਰੇਸ਼ਨ** :- ਬੋਰਡ ਵੱਲੋਂ ਜ਼ਾਰੀ ਦਾਖਲਾ ਸ਼ਡਿਊਲ ਦੀਆਂ ਮਿਤੀਆਂ ਖਤਮ ਹੋਣ ਉਪਰੰਤ ਦੂਜੇ ਰਾਜ/ਬੋਰਡ ਤੋਂ ਪੜ੍ਹਦੇ ਆ ਰਹੇ ਵਿਦਿਆਰਥੀ ਕਿਸੇ ਵੀ ਸੂਰਤ ਵਿੱਚ ਗਿਆਰਵੀਂ/ਬਾਰਵੀਂ ਸ਼੍ਰੇਣੀ ਵਿੱਚ ਬੋਰਡ ਤੋਂ ਲੇਟ ਦਾਖਲਾ/ਇੰਟਰਬੋਰਡ ਮਾਈਗਰੇਸ਼ਨ ਫਾਰਮ ਤੇ ਰਜਿਸਟਰੇਸ਼ਨ ਸ਼ਾਖਾ ਵੱਲੋਂ ਪੂਰਵ ਪ੍ਰਵਾਨਗੀ ਲਏ ਬਿਨਾਂ ਦਾਖਲ ਨਾ ਕੀਤੇ ਜਾਣ। ਗਿਆਰਵੀਂ ਸ਼੍ਰੇਣੀ ਦੀ ਇੰਟਰਬੋਰਡ ਮਾਈਗਰੇਸ਼ਨ 31 ਦਸੰਬਰ ਤੱਕ 1000/- ਰੁ: ਪ੍ਰਤੀ ਵਿਦਿਆਰਥੀ ਫੀਸ ਹੋਵੇਗੀ। ਇਸ ਤੋਂ ਬਾਅਦ ਵਿਰਲੇ ਕੇਸਾਂ ਵਿੱਚ ਚੇਅਰਪਰਸਨ/ਚੇਅਰਮੈਨ ਜੀ ਵੱਲੋਂ ਆਗਿਆ ਮਿਲਣ ਉਪਰੰਤ ਹੀ ਕੀਤੀ ਜਾਵੇਗੀ (ਫੀਸ 1500/- ਰੁਪਏ ਪ੍ਰਤੀ ਵਿਦਿਆਰਥੀ) । ਬਾਰਵੀਂ ਸ਼੍ਰੇਣੀ ਦੀ ਇੰਟਰਬੋਰਡ ਮਾਈਗਰੇਸ਼ਨ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਦਫਤਰ ਵਿੱਚ ਪ੍ਰੀਖਿਆ ਫਾਰਮ ਪਹੁੰਚਣ ਦੀ ਅੰਤਿਮ ਮਿਤੀ ਤੱਕ 1000/-ਰੁ. ਪ੍ਰਤੀ ਵਿਦਿਆਰਥੀ ਫੀਸ ਨਾਲ ਕੀਤੀ ਜਾਵੇਗੀ ਹੋਵੇਗੀ। ਇਸ ਤੋਂ ਬਾਅਦ ਵਿਰਲੇ ਕੇਸਾਂ ਵਿੱਚ ਚੇਅਰਪਰਸਨ/ਚੇਅਰਮੈਨ ਜੀ ਵੱਲੋਂ ਆਗਿਆ ਮਿਲਣ ਉਪਰੰਤ ਹੀ ਕੀਤੀ ਜਾਵੇਗੀ (ਫੀਸ 1500/- ਰੁਪਏ ਪ੍ਰਤੀ ਵਿਦਿਆਰਥੀ) । ਮਾਈਗਰੇਸ਼ਨ ਹੋਣ ਉਪਰੰਤ ਵਿਦਿਆਰਥੀ ਨੂੰ 15 ਦਿਨ ਦੇ ਅੰਦਰ-ਅੰਦਰ ਸਕੂਲ ਵਿੱਚ ਦਾਖਲਾ ਲੈ ਲੈਣਾ ਚਾਹੀਦਾ ਹੈ। ਦਾਖਲਾ ਨਾ ਲੈਣ ਦੀ ਸੂਰਤ ਵਿੱਚ ਪ੍ਰਵਾਨਗੀ ਰੱਦ ਹੋਈ ਸਮਝੀ ਜਾਵੇਗੀ । ਰੱਦ ਹੋਈ ਪ੍ਰਵਾਨਗੀ ਵਾਲੇ ਵਿਦਿਆਰਥੀ ਨੂੰ ਵਿਸ਼ੇਸ਼ ਹਲਾਤਾਂ ਵਿੱਚ ਦੁਬਾਰਾ ਪ੍ਰਵਾਨਗੀ ਮੁੜ ਫੀਸ ਜਮਾਂ ਕਰਵਾਉਣ ਤੇ ਹੀ ਦਿੱਤੀ ਜਾਵੇਗੀ। ਇਹ ਮਾਈਗਰੇਸ਼ਨ ਪੰਜਾਬ ਸਕੂਲ ਸਿੱਖਿਆ ਬੋਰਡ ਦੀਆਂ ਸਲਾਨਾ ਪ੍ਰੀਖਿਆਵਾਂ ਸ਼ੁਰੂ ਹੋਣ ਤੋਂ 45 ਦਿਨ ਪਹਿਲਾਂ ਤੱਕ ਕੀਤੀ ਜਾਵੇਗੀ।

**ਨੋਟ :- ਸਾਲ/ਸੈਸ਼ਨ 2014-15 ਦੀ ਰਜਿਸਟਰੇਸ਼ਨ /ਕੰਟੀਨਿਊਏਸ਼ਨ ਦੀ ਆਨ ਲਾਈਨ ਐਂਟਰੀ 06.05.2014 ਤੋਂ ਸ਼ੁਰੂ ਕੀਤੀ ਜਾ ਸਕਦੀ ਹੈ। ਦਾਖਲੇ ਸਬੰਧੀ ਯੋਗਤਾਵਾਂ ਅਤੇ ਸ਼ਰਤਾਂ ਸਬੰਧੀ ਪੱਤਰ ਬੋਰਡ ਦੀ ਵੈੱਬ ਸਾਈਟ Www.Pseb.Ac.In/Registration Section ਤੇ ਉਪਲੱਬਧ ਹਨ।**

ਡਾਇਰੈਕਟਰ (ਕੰਪਿ ਸੈੱਲ)
ਵਾਸਤੇ ਸਕੱਤਰ, ਪੰਜਾਬ ਸਕੂਲ ਸਿੱਖਿਆ ਬੋਰਡ।